ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   13 ਨਵੰਬਰ 2026 ਦਿਨ ਸ਼ੁੱਕਰਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਪੰਜਾਬੀ ਯੂਨੀਵਰਸਿਟੀ ਦੇ ਯੁਵਕ ਮੇਲੇ 2026 ਵਿੱਚ ਜਨ-ਗਣਨਾ ਫੇਜ਼-2 ਬਾਰੇ ਜਾਗਰੂਕਤਾ ਲਈ ਵਿਸ਼ੇਸ਼ ਸਟਾਲ ਸਥਾਪਿਤ



ਪਟਿਆਲਾ, 13 ਨਵੰਬਰ : ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਚੱਲ ਰਹੇ ਸਲਾਨਾ ਯੁਵਕ ਮੇਲੇ (ਯੂਥ ਫੈਸਟੀਵਲ) ਦੌਰਾਨ ਦੇਸ਼ ਦੀ ਆਗਾਮੀ ਮਰਦਮਸ਼ੁਮਾਰੀ ਦੇ ਦੂਜੇ ਪੜਾਅ (Census Phase-2: Population Enumeration) ਦੇ ਸਬੰਧ ਵਿੱਚ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਪ੍ਰਚਾਰ ਸਟਾਲ ਲਗਾਇਆ ਗਿਆ ਹੈ। ਇਸ ਸਟਾਲ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਜਨਗਣਨਾ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਅਤੇ ਇਸ ਰਾਸ਼ਟਰੀ ਮੁਹਿੰਮ ਵਿੱਚ ਹਰ ਨਾਗਰਿਕ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਇਸ ਦੌਰਾਨ ਸੈਂਸਸ ਵਿਭਾਗ ਦੇ ਅਧਿਕਾਰੀ ਸ੍ਰੀ ਅੰਕੁਸ਼ ਸ਼ਰਮਾ, ਐਸ.ਆਈ. ਗ੍ਰੇਡ-1, ਪ੍ਰੋ. ਵਿਸ਼ਾਲ ਗੋਇਲ, ਡਾਇਰੈਕਟਰ, ਪੰਜਾਬੀ ਯੂਨੀਵਰਸਿਟੀ ,ਪਟਿਆਲਾ, ਸੈਂਸਜ ਮਾਸਟਰ ਟ੍ਰੇਨਰ ਨਿਸ਼ੂ ਸ਼ਰਮਾ ਅਤੇ ਸਪੈਸ਼ਲ ਚਾਰਜ ਸੈਂਸਜ ਅਫਸਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਮਨਪ੍ਰੀਤ ਸਿੰਘ ਬੁੜੈਲ ਵਿਸ਼ੇਸ਼ ਤੌਰ ‘ਤੇ ਹਾਜ਼ਰ ਰਹੇ। ਉਨ੍ਹਾਂ ਸਟਾਲ ‘ਤੇ ਪਹੁੰਚ ਕੇ ਜਾਗਰੂਕਤਾ ਗਤੀਵਿਧੀਆਂ ਦਾ ਜਾਇਜ਼ਾ ਲਿਆ ਅਤੇ ਨੌਜਵਾਨਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ।

ਇਸ ਸਟਾਲ ਰਾਹੀਂ ਯੁਵਕ ਮੇਲੇ ਵਿੱਚ ਪਹੁੰਚ ਰਹੇ ਹਜ਼ਾਰਾਂ ਵਿਦਿਆਰਥੀਆਂ, ਅਧਿਆਪਕਾਂ ਅਤੇ ਦਰਸ਼ਕਾਂ ਨੂੰ ਮਰਦਮਸ਼ੁਮਾਰੀ ਦੀਆਂ ਮਹੱਤਵਪੂਰਨ ਮਿਤੀਆਂ ਬਾਰੇ ਵਿਸ਼ੇਸ਼ ਤੌਰ ‘ਤੇ ਜਾਗਰੂਕ ਕੀਤਾ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜਨਗਣਨਾ ਦੇ ਇਸ ਪੜਾਅ ਤਹਿਤ ਸੈਲਫ ਐਨੂਮਰੇਸ਼ਨ (website: se.census.gov.in ਤੇ ਖੁਦ ਜਨਗਣਨਾ ਫਾਰਮ ਭਰਨ) ਦੀ ਪ੍ਰਕਿਰਿਆ 16.11.2026 ਤੋਂ 30.11.2026 ਤੱਕ ਚੱਲੇਗੀ। ਇਸ ਤੋਂ ਬਾਅਦ, ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਮਰਦਮਸ਼ੁਮਾਰੀ (Door to Door Census) ਦੀ ਮੁਹਿੰਮ 01.12.2026 ਤੋਂ 04.01.2027 ਤੱਕ ਚਲਾਈ ਜਾਵੇਗੀ।

ਸਟਾਲ ‘ਤੇ ਮੌਜੂਦ ਅਧਿਕਾਰੀਆਂ ਅਤੇ ਵਾਲੰਟੀਅਰਾਂ ਵੱਲੋਂ ਨੌਜਵਾਨਾਂ ਨੂੰ ਜਾਗਰੂਕਤਾ ਸਮੱਗਰੀ (ਪੈਂਫਲੇਟ ਅਤੇ ਬਰੋਸ਼ਰ) ਵੰਡੀ ਜਾ ਰਹੀ ਹੈ ਤਾਂ ਜੋ ਉਹ ਇਹਨਾਂ ਮਿਤੀਆਂ ਦੌਰਾਨ ਆਪਣੇ ਪਰਿਵਾਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਸਹੀ ਅੰਕੜੇ ਦਰਜ ਕਰਵਾਉਣ ਲਈ ਪ੍ਰੇਰਿਤ ਕਰ ਸਕਣ।

ਸੈਂਸਸ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਰਦਮਸ਼ੁਮਾਰੀ ਦਾ ਦੂਜਾ ਪੜਾਅ ਦੇਸ਼ ਦੇ ਭਵਿੱਖ ਦੀਆਂ ਯੋਜਨਾਵਾਂ, ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਉਲੀਕਣ ਲਈ ਬੇਹੱਦ ਮਹੱਤਵਪੂਰਨ ਹੈ। ਨੌਜਵਾਨ ਦੇਸ਼ ਦੀ ਤਬਦੀਲੀ ਦੇ ਸਭ ਤੋਂ ਵੱਡੇ ਵਾਹਕ ਹਨ, ਇਸ ਲਈ ਯੂਥ ਫੈਸਟੀਵਲ ਵਰਗਾ ਪਲੇਟਫਾਰਮ ਇਸ ਰਾਸ਼ਟਰੀ ਕਾਰਜ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਬਹੁਤ ਸਾਰਥਕ ਸਿੱਧ ਹੋ ਰਿਹਾ ਹੈ।

ਯੂਨੀਵਰਸਿਟੀ ਪ੍ਰਸ਼ਾਸਨ ਅਤੇ ਮੇਲੇ ਵਿੱਚ ਆਏ ਪਤਵੰਤੇ ਸੱਜਣਾਂ ਵੱਲੋਂ ਵੀ ਇਸ ਵਿਲੱਖਣ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ ਗਈ। ਵਿਭਾਗ ਵੱਲੋਂ ਸਮੂਹ ਨੌਜਵਾਨਾਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਮਰਦਮਸ਼ੁਮਾਰੀ ਫੇਜ਼-2 ਦੀਆਂ ਇਹਨਾਂ ਮਿਤੀਆਂ ਨੂੰ ਨੋਟ ਰੱਖਣ ਅਤੇ ਗਣਨਾਕਾਰਾਂ (enumerators) ਨੂੰ ਸਹੀ ਅਤੇ ਮੁਕੰਮਲ ਜਾਣਕਾਰੀ ਦੇ ਕੇ ਦੇਸ਼ ਦੇ ਵਿਕਾਸ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣ।

ਸੇਵਾਮੁਕਤ ਮੁੱਖ ਅਧਿਆਪਕ ਗੇਜ ਰਾਮ ਭੌਰਾ ਜਨਮ ਦਿਨ ਮੌਕੇ ਵੱਡਾ ਗੁਰਦੁਆਰਾ ਸਾਹਿਬ ਹਰੀ ਨੌਂ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ

ਟਿੰਕੂ ਕੁਮਾਰ



ਕੋਟਕਪੂਰਾ, 13 ਨਵੰਬਰ : ਸੇਵਾਮੁਕਤ ਮਾ. ਗੇਜ ਰਾਮ ਭੌਰਾ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਵੱਡਾ ਗੁਰਦੁਆਰਾ ਸਾਹਿਬ ਹਰੀ ਨੌਂ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਮਾਸਟਰ ਗੇਜ ਰਾਮ ਭੌਰਾ ਜੀ ਨੇ ਆਪਣੇ ਅਧਿਆਪਨ ਕਾਰਜਕਾਲ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਅਤੇ ਸੂਝਵਾਨ ਸ਼ਖ਼ਸੀਅਤ ਦਾ ਸਤਿਕਾਰ ਕਰਦਿਆਂ ਇਹ ਸਨਮਾਨ ਕੀਤਾ ਗਿਆ। ਸੇਵਾ ਮੁਕਤ ਮੁੱਖ ਅਧਿਆਪਕ ਗੇਜ ਰਾਮ ਭੌਰਾ ਨੂੰ ਜਨਮ ਦਿਨ ਮੌਕੇ ਵੱਡਾ ਗੁਰਦੁਆਰਾ ਸਾਹਿਬ ਹਰੀ ਨੌਂ ਦੀ ਪ੍ਰਬੰਧਕ ਕਮੇਟੀ ਵੱਲੋਂ ਸੇਵਾ ਮੁਕਤ ਮਾਸਟਰ ਸ੍ਰੀ ਗੇਜ ਰਾਮ ਭੌਰਾ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਵੱਡਾ ਗੁਰਦੁਆਰਾ ਸਾਹਿਬ ਹਰੀ ਨੌਂ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਭੇਂਟ ਕੀਤਾ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਮਾਸਟਰ ਗੇਜ ਰਾਮ ਭੌਰਾ ਜੀ ਨੇ ਆਪਣੇ ਅਧਿਆਪਨ ਕਾਰਜਕਾਲ ਦੌਰਾਨ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਦੀਆਂ ਸਮਾਜ ਪ੍ਰਤੀ ਸੇਵਾਵਾਂ ਅਤੇ ਸੂਝਵਾਨ ਸ਼ਖ਼ਸੀਅਤ ਦਾ ਸਤਿਕਾਰ ਕਰਦਿਆਂ ਇਹ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਚਰਨ ਸਿੰਘ ਪ੍ਰਧਾਨ, ਮੈਂਬਰ ਮਨਜੀਤ ਸਿੰਘ, ਇਕਬਾਲ ਸਿੰਘ, ਕੁਲਦੀਪ ਸਿੰਘ ਹਾਜ਼ਰ ਸਨ।ਸਮੂਹ ਪ੍ਰਬੰਧਕ ਕਮੇਟੀ ਵੱਲੋਂ ਮਾਸਟਰ ਗੇਜ ਰਾਮ ਭੌਰਾ ਜੀ ਨੂੰ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ ਗਈਆਂ ਅਤੇ ਗੁਰੂ ਸਾਹਿਬ ਅੱਗੇ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹਿਣ ਲਈ ਅਰਦਾਸ ਕੀਤੀ ਗਈ। ਮਾਸਟਰ ਗੇਜ ਰਾਮ ਭੌਰਾ ਜੀ ਨੇ ਇਸ ਮਾਣ-ਸਨਮਾਨ ਲਈ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸੇਵਾਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਚਰਨ ਸਿੰਘ ਪ੍ਰਧਾਨ, ਮੈਂਬਰ ਮਨਜੀਤ ਸਿੰਘ, ਇਕਬਾਲ ਸਿੰਘ, ਕੁਲਦੀਪ ਸਿੰਘ, ਹੈੱਡ ਗ੍ਰੰਥੀ ਜਸਦੀਪ ਸਿੰਘ, ਮੁੱਖ ਸੇਵਾਦਾਰ ਬਾਬਾ ਪਾਲਾ ਸਿੰਘ, ਬਾਬਾ ਮੁਕੰਦ ਸਿੰਘ ਸੇਵਾਦਾਰ, ਮਲਕੀਤ ਸਿੰਘ ਗ੍ਰੰਥੀ, ਡਾ: ਇਕਬਾਲ ਸਿੰਘ, ਚਮਨ ਲਾਲ, ਕੌਰ ਸਿੰਘ ਸਾਬਕਾ ਪ੍ਰਧਾਨ, ਜਸਕਰਨ ਸਿੰਘ ਭਾਊ ਆਦਿ ਸਮੂਹ ਸੰਗਤਾਂ ਹਾਜ਼ਰ ਸਨ।

ਪਟਿਆਲਾ ‘ਚ ਈ. ਵੀ. ਐੱਮ. ਤੇ ਵੀ.ਵੀ. ਪੀ. ਏ. ਟੀ. ਮਸ਼ੀਨਾਂ ਦੀ ਲੈਵਲ ਚੈਕਿੰਗ ਸ਼ੁਰੂ

ਪਟਿਆਲਾ, 13 ਨਵੰਬਰ: ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪਟਿਆਲਾ ਜ਼ਿਲੇ ‘ਚ ਬੈੱਲ ਕੰਪਨੀ ਦੀਆਂ ਐਮ-3 ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ.) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀ.ਵੀ.ਪੀ.ਏ.ਟੀ.) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐੱਫ.ਐੱਲ.ਸੀ.) ਜਿਲ੍ਹਾ ਪੱਧਰੀ ਈ.ਵੀ.ਐਮ. ਵੇਅਰਹਾਊਸ, ਨੇੜੇ ਹਰਪਾਲ ਟਿਵਾਣਾ ਆਡੀਟੋਰੀਅਮ, ਨਾਭਾ ਰੋਡ ਪਟਿਆਲਾ ਵਿਖੇ 12 ਨਵੰਬਰ, 2026 ਤੋਂ ਸ਼ੁਰੂ ਹੋ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਦੱਸਿਆ ਕਿ ਇਹ ਪ੍ਰਕਿਰਿਆ ਪੰਜਾਬ ਦੇ ਮੁੱਖ ਚੋਣ ਅਫਸਰ ਅਨਿੰਦਿਤਾ ਮਿਤਰਾ ਦੇ ਨਿਰਦੇਸ਼ਾਂ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਮਾਪਦੰਡਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਉਨ੍ਹਾਂ ਦੱਸਿਆ ਕਿ ਫਸਟ ਲੈਵਲ ਚੈਕਿੰਗ ਚੋਣਾਂ ਦੀਆਂ ਤਿਆਰੀਆਂ ਦਾ ਇਕ ਬਹੁਤ ਹੀ ਮਹੱਤਵਪੂਰਨ ਪੜਾਅ ਹੈ, ਜਿਸ ਦਾ ਮੁੱਖ ਉਦੇਸ਼ ਈ.ਵੀ.ਐੱਮ. ਅਤੇ ਵੀ.ਵੀ.ਪੀ.ਏ.ਟੀ. ਮਸ਼ੀਨਾਂ ਦੀ ਤਕਨੀਕੀ ਕਾਰਜਕੁਸ਼ਲਤਾ ਦੀ ਜਾਂਚ ਕਰਨਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ ਪੂਰੀ ਤਰ੍ਹਾਂ ਦਰੁਸਤ ਅਤੇ ਕਾਰਜਸ਼ੀਲ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਜਾਂਚ ਜ਼ਿਲ੍ਹਾ ਚੋਣ ਅਫ਼ਸਰ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀ.ਈ.ਐੱਲ.) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ, ਸੁਰੱਖਿਆ ਅਤੇ ਜਵਾਬਦੇਹੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਸਿਆਸੀ ਪਾਰਟੀਆਂ ਦੇ ਅਧਿਕਾਰਤ ਨੁਮਾਇੰਦਿਆਂ ਨੂੰ ਪ੍ਰਕਿਰਿਆ ਦੇਖਣ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਉਹਨਾਂ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨਾਂ ਨੂੰ ਅਪੀਲ ਕੀਤੀ ਹੈ ਕਿ ਇਸ ਪ੍ਰਕਿਰਿਆ ਨੂੰ ਦੇਖਣ ਲਈ ਆਪਣੀ ਪਾਰਟੀ ਦੇ ਮੈਂਬਰ ਨੂੰ ਨਾਮਜਦ ਕਰਕੇ ਲਿਸਟ ਜ਼ਿਲ੍ਹਾ ਚੋਣ ਦਫ਼ਤਰ ਵਿਖੇ ਜਮ੍ਹਾਂ ਕਰਵਾਈਆਂ ਜਾਣ। ਰਾਜਨਿਤਿਕ ਪਾਰਟੀਆਂ ਦੁਆਰਾ ਨਾਮਜਦ ਮੈਂਬਰਾਂ ਲਈ ਐਫ.ਐਲ.ਸੀ. ਦੌਰਾਨ ਜ਼ਿਲ੍ਹਾ ਪੱਧਰੀ ਈ.ਵੀ.ਐਮ. ਵੇਅਰਹਾਊਸ ਵਿਖੇ ਜਾਣ ਲਈ ਐਂਟਰੀ ਪਾਸ ਲਾਜਮੀ ਹਨ। ਐਂਟਰੀ ਪਾਸ ਰਾਜਨੀਤਿਕ ਪਾਰਟੀ ਦੁਆਰਾ ਜਾਰੀ ਅਥਾਰਟੀ ਪੱਤਰ ਜਮ੍ਹਾਂ ਕਰਵਾ ਕੇ ਜ਼ਿਲ੍ਹਾ ਚੋਣ ਦਫ਼ਤਰ, ਪਟਿਆਲਾ ਪਾਸੋਂ ਬਣਵਾਏ ਜਾ ਸਕਦੇ ਹਨ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਪੈਕਟਿਨ ਕੱਢਣ ਦੀ ਤਕਨੀਕ ਨੂੰ ਉਤਸ਼ਾਹਿਤ ਕਰਨ ਲਈ ਸਮਝੌਤਾ ਕੀਤਾ



ਲੁਧਿਆਣਾ 13 ਨਵੰਬਰ : ਪੰਜਾਬ ਖੇਤੀਬਾੜੀ ਯੂਨੀਵਰਸਿਟੀ (PAU) ਨੇ 'ਪੈਕਟਿਨ ਕੱਢਣ ਦੀ ਤਕਨੀਕ' (Pectin Extraction Technology) ਦੇ ਵਪਾਰੀਕਰਨ ਲਈ ਜੀਂਦ (ਹਰਿਆਣਾ) ਸਥਿਤ 'ਨਿਦਾਨ 24x7 ਸਰਵਿਸਿਜ਼' (Nidaan 24x7 Services) ਨਾਲ ਇੱਕ ਸਮਝੌਤਾ ਪੱਤਰ (MoA) 'ਤੇ ਹਸਤਾਖਰ ਕੀਤੇ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਖੋਜ ਨਿਰਦੇਸ਼ਕ ਡਾ. ਅਜਮੇਰ ਸਿੰਘ ਧੱਟ ਅਤੇ ਉਕਤ ਸੰਸਥਾ ਦੇ ਨੁਮਾਇੰਦੇ ਸ੍ਰੀ ਹਰਸ਼ ਜੈਨ ਨੇ ਆਪੋ-ਆਪਣੀਆਂ ਸੰਸਥਾਵਾਂ ਦੀ ਤਰਫੋਂ ਇਸ ਸਮਝੌਤੇ 'ਤੇ ਦਸਤਖਤ ਕੀਤੇ। ਇਸ ਮੌਕੇ 'ਤੇ ਡਾ. ਮਹੇਸ਼ ਕੁਮਾਰ (ਏ.ਡੀ.ਆਰ., ਖੇਤੀਬਾੜੀ ਇੰਜੀਨੀਅਰਿੰਗ), ਡਾ. ਖੁਸ਼ਦੀਪ ਧਰਨੀ (ਐਸੋਸੀਏਟ ਡਾਇਰੈਕਟਰ, ਟੈਕਨਾਲੋਜੀ ਮਾਰਕੀਟਿੰਗ ਅਤੇ ਆਈ.ਪੀ.ਆਰ. ਸੈੱਲ) ਅਤੇ ਡਾ. ਸੁਰੇਖਾ ਭਾਟੀਆ (ਪ੍ਰਮੁੱਖ ਬਾਇਓਕੈਮਿਸਟ) ਮੌਜੂਦ ਸਨ। ਡਾ. ਅਜਮੇਰ ਸਿੰਘ ਧੱਟ ਨੇ ਇਸ ਤਕਨੀਕ ਦੇ ਵਪਾਰੀਕਰਨ ਲਈ 'ਪ੍ਰੋਸੈਸਿੰਗ ਅਤੇ ਫੂਡ ਇੰਜੀਨੀਅਰਿੰਗ ਵਿਭਾਗ' ਨੂੰ ਵਧਾਈ ਦਿੱਤੀ।

ਡਾ. ਐਮ.ਐਸ. ਆਲਮ, ਪ੍ਰਿੰਸੀਪਲ ਸਾਇੰਟਿਸਟ ਨੇ ਦੱਸਿਆ ਕਿ ਪੈਕਟਿਨ ਨੂੰ ਜੈਮ, ਜੈਲੀ, ਪ੍ਰੀਜ਼ਰਵੇਟਿਵ ਵਰਗੇ ਕਈ ਭੋਜਨ ਉਤਪਾਦਾਂ ਦੇ ਨਿਰਮਾਣ ਵਿੱਚ ਵਿਆਪਕ ਤੌਰ 'ਤੇ ਵਰਤਿਆ ਜਾਂਦਾ ਹੈ ਕਿਉਂਕਿ ਇਹ ਇਸਦੇ ਖਾਸ ਜੈਲਿੰਗ, ਗਾੜ੍ਹਾ ਕਰਨ ਅਤੇ ਸਥਿਰ ਕਰਨ ਵਾਲੇ ਗੁਣਾਂ ਦਾ ਕਾਰਨ ਹੈ। ਪੀਏਯੂ ਦੁਆਰਾ ਵਿਕਸਤ ਕੀਤੀ ਗਈ ਪੈਕਟਿਨ ਐਕਸਟਰੈਕਸ਼ਨ ਤਕਨਾਲੋਜੀ ਕਿੰਨੋ ਅਤੇ ਮੋਸੰਬੀ ਦੇ ਰਹਿੰਦ-ਖੂੰਹਦ (ਛਿੱਲੇ) ਤੋਂ ਪੈਕਟਿਨ ਦੀ ਨਿਕਾਸੀ ਪ੍ਰਕਿਰਿਆ ਅਤੇ ਪੈਕਟਿਨ ਕੱਢਣ ਲਈ ਪਾਇਲਟ ਪਲਾਂਟ ਨਾਲ ਸੰਬੰਧਿਤ ਹੈ। ਇਹ ਪਲਾਂਟ ਪੈਕਟਿਨ ਉਤਪਾਦਨ ਲਈ ਪ੍ਰਤੀ ਦਿਨ 150 ਕਿਲੋਗ੍ਰਾਮ ਤਾਜ਼ੇ ਕਿੰਨੋ/ਮੋਸੰਬੀ ਦੇ ਛਿਲਕੇ ਦੀ ਪੂਰਤੀ ਕਰ ਸਕਦਾ ਹੈ। ਇਹ ਤਕਨਾਲੋਜੀ ਕਿੰਨੋ ਅਤੇ ਮੋਸੰਬੀ ਦੀ ਪ੍ਰੋਸੈਸਿੰਗ ਦੇ ਨਤੀਜੇ ਵਜੋਂ ਪੈਦਾ ਹੋਣ ਵਾਲੇ ਕੂੜੇ ਦੀ ਵਰਤੋਂ ਵੱਲ ਇੱਕ ਕਦਮ ਹੈ। ਇਹ ਬੈਚ-ਕਿਸਮ ਦਾ ਪਲਾਂਟ ਚਲਾਉਣ ਲਈ ਆਸਾਨ ਹੈ, ਘੱਟੋ-ਘੱਟ ਮਨੁੱਖੀ ਸ਼ਕਤੀ ਦੀ ਲੋੜ ਹੁੰਦੀ ਹੈ, ਅਤੇ ਉਭਰਦੇ ਉੱਦਮੀਆਂ ਲਈ ਇੱਕ ਲਾਭਦਾਇਕ ਵਪਾਰਕ ਮੌਕਾ ਪ੍ਰਦਾਨ ਕਰਦਾ ਹੈ।

ਡਾ. ਖੁਸ਼ਦੀਪ ਧਾਰਨੀ, ਐਸੋਸੀਏਟ ਡਾਇਰੈਕਟਰ, ਟੈਕਨਾਲੋਜੀ ਮਾਰਕੀਟਿੰਗ ਅਤੇ ਆਈਪੀਆਰ ਸੈੱਲ ਨੇ ਕਿਹਾ ਕਿ ਪੈਕਟਿਨ ਐਕਸਟਰੈਕਸ਼ਨ ਤਕਨਾਲੋਜੀ ਖੇਤੀਬਾੜੀ-ਕਚਰੇ ਨੂੰ ਆਮਦਨ ਵਿੱਚ ਬਦਲਣ ਲਈ ਇੱਕ ਪ੍ਰਭਾਵਸ਼ਾਲੀ ਹੱਲ ਹੈ। ਉਨ੍ਹਾਂ ਅੱਗੇ ਕਿਹਾ ਕਿ ਪੀਏਯੂ ਤਕਨਾਲੋਜੀਆਂ ਜ਼ਮੀਨੀ ਪੱਧਰ ਦੀਆਂ ਸਮੱਸਿਆਵਾਂ ਨੂੰ ਹੱਲ ਕਰ ਰਹੀਆਂ ਹਨ ਅਤੇ ਸਟਾਰਟਅੱਪਸ ਨੂੰ ਉਤਸ਼ਾਹਿਤ ਕਰ ਰਹੀਆਂ ਹਨ।

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਪਿੰਡ ਮਾਣਕ ਮਾਜਰਾ ਵਿਖੇ ਕਰੀਬ 37 ਲੱਖ ਰੁਪਏ ਦੀ ਲਾਗਤ ਨਾਲ 2 ਏਕੜ ਵਿੱਚ ਬਣੇ ਮੁੱਖ ਮੰਤਰੀ ਖੇਡ ਗਰਾਊਂਡ ਦਾ

ਤਰੁਨਪ੍ਰੀਤ ਸਿੰਘ ਸੌਂਦ ਨੇ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ

ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਪਿੰਡਾਂ ਵਿੱਚ ਖੇਡ ਸਹੂਲਤਾਂ ਦਾ ਵਿਸਥਾਰ ਪੰਜਾਬ ਸਰਕਾਰ ਦੀ ਤਰਜੀਹ: ਕੈਬਨਿਟ ਮੰਤਰੀ ਸੌਂਦ



ਖੰਨਾ, (ਲੁਧਿਆਣਾ), 13 ਨਵੰਬਰ : ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਹਲਕਾ ਖੰਨਾ ਦੇ ਪਿੰਡ ਮਾਣਕ ਮਾਜਰਾ ਵਿਖੇ ਲਗਭਗ 37 ਲੱਖ ਰੁਪਏ ਦੀ ਲਾਗਤ ਨਾਲ 2 ਏਕੜ ਵਿੱਚ ਬਣੇ ਨਵੇਂ ਮੁੱਖ ਮੰਤਰੀ ਖੇਡ ਗਰਾਊਂਡ ਦਾ ਉਦਘਾਟਨ ਕਰਕੇ ਇਸ ਨੂੰ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ। ਇਸ ਖੇਡ ਮੈਦਾਨ ਦੇ ਬਣਨ ਨਾਲ ਪਿੰਡ ਦੇ ਹੋਣਹਾਰ ਖਿਡਾਰੀਆਂ ਦੀ ਇੱਕ ਅਹਿਮ ਮੰਗ ਪੂਰੀ ਹੋਈ ਹੈ ਅਤੇ ਨੌਜਵਾਨਾਂ ਨੂੰ ਆਪਣੇ ਪਿੰਡ ਵਿੱਚ ਹੀ ਖੇਡਾਂ ਦੇ ਅਭਿਆਸ ਲਈ ਬਿਹਤਰ ਸਹੂਲਤ ਮਿਲੀ ਹੈ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਵਧੀਆ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਖੇਡ ਮੈਦਾਨਾਂ ਦਾ ਨਿਰਮਾਣ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਨੀਂਹ ਰੱਖਣ ਵੱਲ ਇੱਕ ਅਹਿਮ ਕਦਮ ਹੈ।

ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਪੇਂਡੂ ਖੇਤਰਾਂ ਦੇ ਨੌਜਵਾਨਾਂ ਵਿੱਚ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਢੁਕਵੇਂ ਮੌਕੇ ਤੇ ਸਹੂਲਤਾਂ ਮੁਹੱਈਆ ਕਰਵਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਡ ਮਾਣਕ ਮਾਜਰਾ ਦਾ ਇਹ ਨਵਾਂ ਖੇਡ ਮੈਦਾਨ ਖਿਡਾਰੀਆਂ ਨੂੰ ਨਿਯਮਤ ਅਭਿਆਸ ਕਰਨ ਅਤੇ ਆਪਣੇ ਪ੍ਰਦਰਸ਼ਨ ਵਿੱਚ ਹੋਰ ਨਿਖਾਰ ਲਿਆਉਣ ਦਾ ਮੌਕਾ ਦੇਵੇਗਾ। ਇਸ ਨਾਲ ਹੋਰ ਬੱਚੇ ਅਤੇ ਨੌਜਵਾਨ ਵੀ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਹੋਣਗੇ।


ਉਨ੍ਹਾਂ ਕਿਹਾ ਕਿ ਖੇਡਾਂ ਜਿੱਥੇ ਸਰੀਰਕ ਤੰਦਰੁਸਤੀ ਲਈ ਜ਼ਰੂਰੀ ਹਨ, ਉੱਥੇ ਹੀ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਆਪਸੀ ਸਹਿਯੋਗ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਖੇਡਾਂ ਨੌਜਵਾਨਾਂ ਨੂੰ ਮਿਹਨਤ ਅਤੇ ਲਗਨ ਨਾਲ ਆਪਣੇ ਟੀਚਿਆਂ ਵੱਲ ਵਧਣ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡ ਮੈਦਾਨ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਨਿਰੰਤਰ ਅਭਿਆਸ ਰਾਹੀਂ ਆਪਣੇ ਪਿੰਡ, ਜ਼ਿਲ੍ਹੇ ਅਤੇ ਪੰਜਾਬ ਦਾ ਨਾਂ ਰੌਸ਼ਨ ਕਰਨ।

ਤਰੁਨਪ੍ਰੀਤ ਸਿੰਘ ਸੌਂਦ ਨੇ ਪਿੰਡ ਦੀ ਪੰਚਾਇਤ ਅਤੇ ਵਾਸੀਆਂ ਨੂੰ ਵੀ ਸੱਦਾ ਦਿੱਤਾ ਕਿ ਉਹ ਬੱਚਿਆਂ ਤੇ ਨੌਜਵਾਨਾਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਨ ਅਤੇ ਖੇਡ ਮੈਦਾਨ ਦੀ ਸਾਂਭ-ਸੰਭਾਲ ਵਿੱਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਅਤੇ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਜਾਰੀ ਰਹਿਣਗੇ।

ਇਸ ਮੌਕੇ ‘ਤੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋ ਖਿਡਾਰੀਆਂ ਨੂੰ ਖੇਡ ਕਿੱਟਾਂ ਵੀ ਵੰਡੀਆਂ ਗਈਆਂ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਖੇਡ ਗਤੀਵਿਧੀਆਂ ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਝਾਨ ਵੱਧਦਾ ਹੈ ਅਤੇ ਉਹ ਸਿਹਤਮੰਦ ਜੀਵਨ ਸ਼ੈਲੀ ਅਪਣਾਉਂਦੇ ਹਨ। ਇਸ ਮੌਕੇ ਕੈਬਨਿਟ ਮੰਤਰੀ ਸੌਂਦ ਨੇ ਵਾਤਾਵਰਣ ਦੀ ਸ਼ੁੱਧਤਾ ਲਈ ਖੇਡ ਗਰਾਊਂਡ ਵਿੱਚ ਬੂਟਾ ਵੀ ਲਗਾਇਆ। ਇਸ ਮੌਕੇ ਸਬੰਧਤ ਵਿਭਾਗਾਂ ਦੇ ਅਧਿਕਾਰੀ, ਪਿੰਡ ਦੀ ਸਮੁੱਚੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਨੂੰ ਜਨਮ ਦਿਨ ਮੁਬਾਰਕ ਜੀ

13 ਨਵੰਬਰ 1780 ਨੂੰ ਗੁਜਰਾਂਵਾਲਾ ਵਿਚ ਪੈਦਾ ਹੋਏ ਸ਼ੇਰ-ਏ-ਪੰਜਾਬ ਜੀ ਨੇ ਖਿੰਡੇ ਹੋਏ ਪੰਜਾਬ ਨੂੰ ਇੱਕ ਕੀਤਾ ਜੀ।



ਇੱਕ ਅੱਖ ਦੀ ਰੌਸ਼ਨੀ ਨਾ ਹੋਣ ਦੇ ਬਾਵਜੂਦ ਉਨ੍ਹਾਂ ਨੇ ਸਾਰਾ ਜਹਾਨ ਜਿੱਤ ਲਿਆ ਜੀ।

ਸ੍ਰੀ ਹਰਿਮੰਦਰ ਸਾਹਿਬ ਨੂੰ ਸੋਨੇ ਨਾਲ ਮੜ੍ਹਵਾਇਆ ਜੀ।
ਸਭ ਧਰਮਾਂ ਦਾ ਬਰਾਬਰ ਸਤਿਕਾਰ ਕੀਤਾ ਜੀ।
ਇਨਸਾਫ਼ ਨਾਲ ਰਾਜ ਕੀਤਾ ਜੀ।

ਉਹ ਰਾਜਾ ਨਹੀਂ, ਇੱਕ ਸੋਚ ਸਨ ਜੀ।

ਸੁਰਜੀਤ ਸਾਰੰਗ

ਸ਼ੇਰ-ਏ-ਪੰਜਾਬ ਅਮਰ ਰਹੇ ਜੀ।